GOVERNMENT OF WESTERN AUSTRALIA

Working with Children Check

# Factsheet CAT10
# ਬੱਚਿਆਂ ਨਾਲ ਸੰਬੰਧਿਤ ਕੰਮ ਦੀਆਂ ਸ਼੍ਰੇਣੀਆਂ 10: ਕਾਉਂਸਲਿੰਗ ਜਾਂ ਹੋਰ ਸਹਾਇਤਾ ਸੇਵਾ

Punjabi | ਪੰਜਾਬੀ

ਕਾਉਂਸਲਿੰਗ ਜਾਂ ਹੋਰ ਸਹਾਇਤਾ ਸੇਵਾ ਦਾ ਅਰਥ ਹੈ ਇਲਾਜ ਸੰਬੰਧੀ ਸੇਵਾਵਾਂ ਜੋ ਲੋਕਾਂ ਨੂੰ ਨਿੱਜੀ, ਭਾਵਨਾਤਮਕ ਜਾਂ ਮਨੋਵਿਗਿਆਨਕ ਪ੍ਰਕਿਰਤੀ ਦੀ ਸਮੱਸਿਆ ਦਾ ਉਪਾਅ ਜਾਂ ਇਲਾਜ ਪ੍ਰਾਪਤ ਕਰਨ ਵਿੱਚ ਮੱਦਦ ਕਰਨ ਲਈ ਤਿਆਰ ਕੀਤੀਆਂ ਗਈਆਂ ਹਨ।

## ਬੱਚਿਆਂ ਨਾਲ ਸੰਬੰਧਿਤ ਕੰਮ ਵਿੱਚ ਮੰਨੀਆਂ ਜਾਂਦੀਆਂ ਨੌਕਰੀ-ਭੂਮਿਕਾਵਾਂ

ਬੱਚਿਆਂ ਨਾਲ ਸੰਬੰਧਿਤ ਕੰਮ ਵਿੱਚ ਮੰਨੀਆਂ ਜਾਣ ਵਾਲੀਆਂ ਨੌਕਰੀ-ਭੂਮਿਕਾਵਾਂ ਦੀਆਂ ਕੁੱਝ ਉਦਾਹਰਣਾਂ ਹੇਠਾਂ ਦਿੱਤੀਆਂ ਗਈਆਂ ਹਨ। ਕਿਰਪਾ ਕਰਕੇ ਧਿਆਨ ਦਿਓ ਕਿ ਸਾਰੇ ਮਾਮਲਿਆਂ ਵਿੱਚ, ਕਿਸੇ ਨੌਕਰੀ-ਭੂਮਿਕਾ ਨੂੰ ਬੱਚਿਆਂ ਨਾਲ ਸੰਬੰਧਿਤ ਕੰਮ ਵਿੱਚ ਮੰਨੇ ਜਾਣ ਲਈ ਉਸ ਭੂਮਿਕਾ ਦੀਆਂ **ਆਮ ਡਿਊਟੀਆਂ (usual duties)** ਵਿੱਚ **ਬੱਚੇ (child)** ਨਾਲ **ਸੰਪਰਕ (contact)** ਕਰਨਾ ਲਾਜ਼ਮੀ ਹੋਣਾ, ਜਾਂ ਸੰਪਰਕ ਹੋਣ ਦੀ ਸੰਭਾਵਨਾ ਸ਼ਾਮਲ ਹੋਣੀ ਚਾਹੀਦੀ ਹੈ। ਨੌਕਰੀ-ਭੂਮਿਕਾਵਾਂ ਵਿੱਚ ਸ਼ਾਮਲ ਹਨ:

- ਸਲਾਹਕਾਰ, ਮਨੋ-ਚਿਕਿਤਸਕ, ਅਤੇ ਅਜਿਹੇ ਹੋਰ ਪੇਸ਼ੇਵਰ ਜੋ ਬੱਚਿਆਂ ਦੀਆਂ ਭਾਵਨਾਤਮਕ ਅਤੇ ਮਨੋਵਿਗਿਆਨਕ ਲੋੜਾਂ ਦਾ ਇਲਾਜ ਕਰਦੇ ਹਨ
- ਸੋਸ਼ਲ ਵਰਕਰ ਜਾਂ ਮਨੋਵਿਗਿਆਨੀ ਜੋ ਪਰਿਵਾਰ ਸਲਾਹ ਜਾਂ ਸਹਾਇਤਾ ਸੇਵਾਵਾਂ ਪ੍ਰਦਾਨ ਕਰਦੇ ਹਨ ਜਿਨ੍ਹਾਂ ਵਿੱਚ ਬੱਚੇ ਸ਼ਾਮਲ ਹੁੰਦੇ ਹਨ
- ਬੱਚਿਆਂ ਨਾਲ ਕੰਮ ਕਰਦੇ ਸਪੀਚ ਪੈਥੋਲੋਜਿਸਟ ਅਤੇ ਕਿੱਤਾਮੁਖੀ ਥੈਰੇਪਿਸਟ ਜੋ ਆਪਣੀਆਂ ਸੇਵਾਵਾਂ ਦੇ ਹਿੱਸੇ ਵਜੋਂ, ਬੱਚਿਆਂ ਦੀ ਸਿਹਤ ਅਤੇ ਭਲਾਈ ਦਾ ਪ੍ਰਬੰਧਨ ਕਰਨ ਵਿੱਚ ਸਹਾਇਤਾ ਕਰਨ ਲਈ ਕਾਉਂਸਲਿੰਗ ਪ੍ਰਦਾਨ ਕਰਦੇ ਹਨ
- ਬਿਮਾਰੀਆਂ ਵਾਲੇ ਬੱਚਿਆਂ ਲਈ ਕਾਉਂਸਲਿੰਗ ਸੇਵਾਵਾਂ ਪ੍ਰਦਾਨ ਕਰਨ ਵਾਲੇ ਲੋਕ
- ਬੱਚਿਆਂ ਨੂੰ ਟੈਲੀਫ਼ੋਨ ਜਾਂ ਔਨਲਾਈਨ ਕਾਉਂਸਲਿੰਗ ਦੇਣ ਵਾਲੇ ਲੋਕ
- ਉਹ ਲੋਕ ਜੋ ਨਿਆਂ ਪ੍ਰਣਾਲੀ ਵਿਚੋਂ ਗੁਜ਼ਰਨ ਵਾਲੇ ਬੱਚਿਆਂ ਨੂੰ ਸਹਾਇਤਾ ਪ੍ਰਦਾਨ ਕਰਦੇ ਹਨ

- ਬੱਚਿਆਂ ਨੂੰ ਕਾਉਂਸਲਿੰਗ ਅਤੇ ਹੋਰ ਸਹਾਇਤਾ ਸੇਵਾਵਾਂ ਪ੍ਰਦਾਨ ਕਰਨ ਵਾਲੇ ਪੇਸ਼ੇਵਰ, ਜਿੱਥੇ ਬੱਚਿਆਂ ਨੂੰ ਬਾਲਗ਼ ਮਾਨਸਿਕ ਸਿਹਤ ਵਾਰਡਾਂ ਵਿੱਚ ਭਰਤੀ ਕੀਤਾ ਗਿਆ ਹੈ ਜਿੱਥੇ ਆਮ ਤੌਰ 'ਤੇ ਬੱਚੇ ਮਰੀਜ਼ ਨਹੀਂ ਹੁੰਦੇ ਹਨ।

## ਛੋਟਾਂ

ਇਸ ਸ਼੍ਰੇਣੀ 'ਤੇ ਹੇਠ ਲਿਖੀਆਂ ਛੋਟਾਂ ਲਾਗੂ ਹੁੰਦੀਆਂ ਹਨ:

- ਬਾਲ **ਵਾਲੰਟੀਅਰ (volunteers)** - 18 ਸਾਲ ਤੋਂ ਘੱਟ ਉਮਰ ਦੇ ਵਾਲੰਟੀਅਰਾਂ ਦੁਆਰਾ ਕੀਤੇ ਗਏ ਕੰਮ
- 18 ਸਾਲ ਤੋਂ ਘੱਟ ਉਮਰ ਦੇ ਵੇਤਨ-ਰਹਿਤ ਪਲੇਸਮੈਂਟ ਕਰ ਰਹੇ **ਵਿਦਿਆਰਥੀ (students)**
- WA ਵਿੱਚ **ਥੋੜ੍ਹੇ ਸਮੇਂ ਲਈ ਆਏ ਸੈਲਾਨੀ (short-term visitors)**
- ਉਸੇ ਗਤੀਵਿਧੀ ਵਿੱਚ ਕਿਸੇ ਮਾਤਾ ਜਾਂ ਪਿਤਾ ਵੱਲੋਂ ਵਲੰਟੀਅਰ ਕਰਨਾ ਜਿਸ ਵਿੱਚ ਉਹਨਾਂ ਦਾ ਬੱਚਾ ਹਿੱਸਾ ਲੈ ਰਿਹਾ ਹੈ, ਜਾਂ ਆਮ ਤੌਰ 'ਤੇ ਹਿੱਸਾ ਲੈਂਦਾ ਹੈ, Factsheet CRW03 - ਛੋਟਾਂ, ਮਾਤਾ-ਪਿਤਾ ਵੱਲੋਂ ਵਾਲੰਟੀਅਰ ਕਰਨ ਦੀ ਛੋਟ ਵੇਖੋ।
- ਪੁਲਿਸ ਅਧਿਕਾਰੀ ਜੋ WA ਪੁਲਿਸ ਮੈਂਬਰ ਵਜੋਂ ਕੰਮ ਕਰਦੇ ਹਨ
- ਇੱਕ ਵਾਰੀ ਦੇ ਰਾਸ਼ਟਰੀ ਸਮਾਗਮ ਜਾਂ ਰਾਸ਼ਟਰੀ ਟੂਰ, Factsheet CRW02 - ਛੋਟਾਂ, ਇੱਕ ਵਾਰੀ ਦੇ ਰਾਸ਼ਟਰੀ ਸਮਾਗਮ ਅਤੇ ਰਾਸ਼ਟਰੀ ਟੂਰ ਵੇਖੋ।

**ਮੋਟੇ ਅੱਖਰਾਂ ਵਾਲੇ** ਸ਼ਬਦਾਂ ਦੀ ਪਰਿਭਾਸ਼ਾ www.workingwithchildren.wa.gov.au ' ਤੇ ਵਰਕਿੰਗ ਵਿਦ ਚਿਲਡਰਨ ਚੈੱਕ ਸ਼ਬਦਾਵਲੀ ਵਿੱਚ ਲੱਭੀ ਜਾ ਸਕਦੀ ਹੈ।